# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-09-2024**

ਨੈਸ਼ਨਲ ਗ੍ਰੀਨ ਟ੍ਰਿਬਊਨਲ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ 'ਤੇ ਪਬੰਦੀ ਲਾਈ ਗਈ ਏ, ਜਿਸ ਦੇ ਚੱਲਦਿਆਂ ਜ਼ਿਲ੍ਹੇ ਵਿੱਚ ਗਠਿਤ ਵੱਖ ਵੱਖ ਟੀਮਾਂ ਵਲੋਂ ਸਖ਼ਤ ਨਜ਼ਰ ਰੱਖੀ ਜਾ ਰਹੀ ਏ। ਅੱਜ ਜ਼ਿਲ੍ਹੇ ਵਿੱਚ 6 ਕਿਸਾਨਾ ਵੱਲੋਂ ਪਰਾਲੀ ਜਾਂ ਨਾੜ ਨੂੰ ਅੱਗ ਲਾਈ ਗਈ, ਜਿਸ ਕਾਰਨ ਉਨ੍ਹਾਂ ਨੂੰ ਕੁਲ 15 ਹਜ਼ਾਰ ਰੁਪਏ ਦਾ ਚੁਗਿਰਦੇ ਸੰਬੰਧੀ ਜੁਰਮਾਨਾ ਲਾਇਆ ਗਿਆ ਤੇ ਰੈਵੀਨਿਊ ਰਿਕਾਰਡ ਵਿੱਚ ਰੈੱਡ ਐਂਟਰੀ ਕੀਤੀ ਗਈ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ, ਉਮਾ ਸ਼ੰਕਰ ਗੁਪਤਾ, ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਤਲਵੰਡੀ ਬਖ਼ਤਾਂ ਦੇ ਇੱਕ ਕਿਸਾਨ, ਦੋਲਤਪੁਰ ਦੇ ਤਿੰਨ ਕਿਸਾਨਾਂ, ਸਰਵਾਲੀ ਅਤੇ ਮਾਨ-ਸੈਂਡ-ਵਾਲ ਦੇ 1-1 ਕਿਸਾਨਾਂ ਸਮੇਤ ਕੁਲ 6 ਕਿਸਾਨਾਂ ਵੱਲੋਂ ਅੱਗ ਲਈ ਗਈ ਏ.

ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਏ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਫ਼ਸਲ ਦੀ ਕਟਾਈ ਤੋਂ ਬਾਅਦ ਫ਼ਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਲਈ ਜਾਗਰੂਕਤਾ ਮੁਹਿੰਮ ਵਿੱਢੀ ਗਈ ਏ ਅਤੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਜਾ ਰਹੀ ਏ । ਉਨ੍ਹਾਂ ਅੱਗੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਲਈ ਲੋੜੀਂਦੀ ਮਸ਼ਿਨਰੀ ਵੀ ਮੁਹੱਈਆ ਕਰਵਾਈ ਜਾ ਰਹੀ ਏ ਪਰ ਫਿਰ ਵੀ ਕੁਝ ਕਿਸਾਨਾਂ ਵੱਲੋਂ ਜਲਦਬਾਜ਼ੀ ਵਿੱਚ ਪਰਾਲੀ ਜਾਂ ਨਾੜ ਨੂੰ ਅੱਗ ਲਗਾਈ ਜਾ ਰਹੀ ਏ, ਜੋ ਗੰਭੀਰ ਚਿੰਤਾ ਦਾ ਵਿਸ਼ਾ ਏ । ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਸਹਿਯੋਗ ਕਰਨ ਅਤੇ ਪਰਾਲੀ/ਨਾੜ ਨੂੰ ਅੱਗ ਨਾ ਲਾਉਣ । ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ. ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲਬਧ ਏ । ਸਹਿਕਾਰੀ ਸੁਸਾਇਟੀਆਂ ਤੇ ਪੰਚਾਇਤਾਂ ਕੋਲੋਂ ਵਾਜਬ ਰੇਟਾਂ ‘ਤੇ ਮਸ਼ੀਨਰੀ ਮੌਜੂਦ ਏ

। ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਏ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਨੇ |

-----------------------------------------------

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਝੋਨੇ ਦੀ ਖਰੀਦ ਨਿਰਵਿਘਨ ਅਤੇ ਸੁਚਾਰੂ ਤਰੀਕੇ ਨਾਲ ਕਰਨ ਦੇ ਦਿੱਤੇ ਨਿਰਦੇਸ਼ਾਂ ਤਹਿਤ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਨੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕਰ ਕੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਮੌਕੇ ਸਬੰਧਤ ਖਰੀਦ ਏਜੰਸੀਆਂ ਅਤੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਹਿਲੀ ਅਕਤੂਬਰ ਤੋਂ ਖਰੀਦ ਸ਼ੁਰੂ ਕਰਨ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ । ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਅਤੇ ਮੁੰਬਈ ਵਿਖੇ ਕੀਤੀ ਪੈਰਵੀ ਦੇ ਚੱਲਦਿਆਂ ਪੰਜਾਬ ਨੂੰ ਸਾਉਣੀ ਮੰਡੀਕਰਨ ਸੀਜ਼ਨ 2024-25 ਦੌਰਾਨ ਅਕਤੂਬਰ 2024 ਦੇ ਅੰਤ ਤੱਕ ,ਝੋਨੇ ਦੀ ਖਰੀਦ ਲਈ 41 ਹਜ਼ਾਰ 339 ਅਸ਼ਰੀਆਂ 81 ਕਰੋੜ ਰੁਪਏ ਦੀ ਕੈਸ਼

ਕ੍ਰੈਡਿਟ ਲਿਮਿਟ ਜਾਰੀ ਕਰ ਦਿੱਤੀ ਗਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਤਹਿਤ ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਣ ਲਈ ਅਤੇ ਕਿਸਾਨਾਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਤੁਰੰਤ ਅਦਾਇਗੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ 17 ਫੀਸਦੀ ਨਮੀ ਤੱਕ ਦਾ ਝੋਨਾ ਮੰਡੀ ਲੈ ਕੇ ਆਉਣ ਤਾਂ ਜੋ ਖਰੀਦ ਦੇ ਨਿਯਮਾਂ ਨੂੰ ਪੂਰਾ ਕਰਦੇ ਹੋਏ ਉਨ੍ਹਾਂ ਦੀ ਫਸਲ ਦੀ ਤੁਰੰਤ ਖਰੀਦ ਹੋ ਸਕੇ।

----------------------------------------------------

ਮੁੱਖ ਮੰਤਰੀ ਪੰਜਾਬ  ਭਗਵੰਤ ਸਿੰਘ ਮਾਨ ਦੀ ਅਗਵਾਈ ਚ ,ਸਰਕਾਰ ਵੱਲੋਂ ਸ਼ੁਰੂ ਕੀਤੀ 1076 ਹੈਲਪਲਾਈਨ ਸੇਵਾ ਨਾਲ ਪ੍ਰਸ਼ਾਸਨ ਲੋਕਾਂ ਤੱਕ ਪਹੁੰਚ ਰਿਹਾ ਏ ਤੇ ਘਰ ਬੈਠੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾ ਰਿਹਾ ਏ । ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਇਸ ਸੁਵਿਧਾ ਨਾਲ ਲੋਕਾਂ ਦਾ ਦਫ਼ਤਰਾਂ ਵਿੱਚ ਆਉਣ ਜਾਣ ਦਾ ਸਮਾਂ ਬਚਦਾ ਏ ਅਤੇ ਆਪਣੀ ਸੁਵਿਧਾ ਅਨੁਸਾਰ ਸੇਵਾ ਸਹਾਇਕ ਨੂੰ ਘਰ ਬੁਲਾ ਸਕਦੇ ਨੇ । ਇਸ ਤਹਿਤ ਬੁਢਾਪਾ, ਵਿਧਵਾ, ਅੰਗਹੀਣ ਅਤੇ

ਆਸ਼ਰਿਤ ਪੈਨਸ਼ਨ, ਆਮਦਨ ਸਰਟੀਫਿਕੇਟ, ਜ਼ਮ੍ਹਾਂਬੰਦੀ ਕਢਵਾਉਣ ਸਬੰਧੀ, ਜਨਮ-ਮੌਤ ਸਰਟੀਫਿਕੇਟ, ਜਾਤੀ ਸਰਟੀਫਿਕੇਟ ਆਦਿ ਵਰਗੀਆਂ ਕੁੱਲ 43 ਸੇਵਾਵਾਂ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ।

---------------------------------------------------------

ਜਿਲ੍ਹਾ ਮੈਜਿਸਟਰੇਟ ਸ੍ਰੀ ਵਿਨੀਤ ਕੁਮਾਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹੇ ਫਰੀਦਕੋਟ ਵਿੱਚ ਪੰਚਾਇਤੀ ਚੋਣਾਂ 2024 ਨੂੰ ਸ਼ਾਂਤੀ ਪੂਰਵਕ ਤਰੀਕੇ ਨਾਲ ਮੁਕੰਮਲ ਕਰਵਾਉਣ ਅਤੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਬਣਾਏ ਰੱਖਣ ਲਈ ਜਿਲ੍ਹੇ ਦੇ ਪੇਂਡੂ ਖੇਤਰਾਂ ਦੇ ਸਾਰੇ ਅਸਲਾ ਲਾਇਸੰਸੀਆਂ ਨੂੰ ਆਪਣੇ- ਆਪਣੇ ਹਥਿਆਰ ਨਾਲ ਲੈ  ਚੱਲਣ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਨੇ । ਇਸ ਦੇ ਨਾਲ ਹੀ ਉਨ੍ਹਾਂ ਅਸਲਾ ਧਾਰਕਾਂ ਨੂੰ ਆਪਣਾ ਅਸਲਾ ਸਬੰਧਤ ਥਾਣੇ ਜਾਂ ਮੰਨਜੂਰਸ਼ੁਦਾ ਅਸਲਾ ਡੀਲਰ ਕੋਲ ਜਮ੍ਹਾਂ ਕਰਵਾਉਣ ਦੇ ਹਦਾਇਤ ਕੀਤੀ ਏ । ਪੰਚਾਇਤੀ ਚੋਣਾਂ 2024 ਦੇ ਮੱਦੇਨਜ਼ਰ ਪੰਜਾਬ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ

ਕਰਦਿਆਂ ਪੰਚਾਇਤੀ ਚੋਣਾਂ ਦੀ ਮਿਤੀ 15 ਅਕਤੂਬਰ 2024 ਨਿਸ਼ਚਿਤ ਕੀਤੀ ਏ । ਇਹ ਹੁਕਮ 16 ਅਕਤੂਬਰ 2024 ਤੱਕ ਲਾਗੂ ਰਹਿਣਗੇ।

-------------------------------------------------------

ਜ਼ਿਲਾ ਰੂਪਨਗਰ ‘ਚ ਪੰਜਾਬ ਪੁਲਿਸ ਦੇ ਵਿੱਚ ਪਹਿਲੀ ਵਾਰ ਇਹ ਵੇਖਣ ਵਿੱਚ ਆਇਆ ਏ ਇੱਕ ਔਰਤ ਮੁਲਾਜ਼ਮ ਥਾਣੇ ਦੇ ਮੁੱਖ ਮੁਨਸ਼ੀ ਬਣੇ ਨੇ । ਔਰਤ ਹੌਲਦਾਰ ਮੀਨਾ ਸੈਣੀ ਨੂਰਪੁਰ-ਬੇਦੀ ਦੇ ਇੱਕ ਛੋਟੇ ਜਿਹੇ ਪਿੰਡ ਮੁਕਾਰੀ ਵਸਨੀਕ ਨੇ . ਥਾਣਾ ਸਦਰ ਰੋਪੜ ਵਿਖੇ ਡਿਊਟੀ ਤੇ ਤੈਨਾਤ ਹੋਈ ਮੁੱਖ ਮੁਨਸ਼ੀ ਮੀਨਾ ਸੈਣੀ ਨੇ ਕਿਹਾ ਕਿ ਜਿਥੇ ਔਰਤਾਂ ਹਰ ਖੇਤਰ ਵਿਚ ਅੱਗੇ ਵੱਧ ਰਹੀਆਂ ਨੇ, ਉਥੇ ਹੀ ਓਹ ਹਰ ਖੇਤਰ ਵਿਚ ਕੰਮ ਕਰਣ ਵਾਲੀਆਂ ਔਰਤ ਮੁਲਾਜ਼ਮਾਂ ਨੂੰ ਇਹ ਸੁਨੇਹਾ ਦੇਣਾ ਚਾਹੁੰਦੇ ਨੇ ਕਿ ਕੁੜੀਆਂ ਕਿਸੇ ਕੰਮ ਵਿਚ ਪਿੱਛੇ ਨਹੀਂ ਨੇ